# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :29-06-2026**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ, ਸਾਲ ਦੇ ਦੂਜੇ ਰੱਖਿਆ ਸਨਮਾਨ ਸਮਾਰੋਹ ਵਿੱਚ, ਬਹਾਦਰੀ ਪੁਰਸਕਾਰ ਪ੍ਰਦਾਨ ਕੀਤੇ।

- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਸਰਕਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬੇਅਦਬੀ ਵਿਰੋਧੀ ਕਾਨੂੰਨ ਸਬੰਧੀ ਉਠਾਏ ਗਏ ਸਾਰੇ ਇਤਰਾਜ਼ਾਂ ਦਾ ਇੱਕ ਮਹੀਨੇ ਦੇ ਅੰਦਰ-ਅੰਦਰ ਹੱਲ ਕਰਨ ਦੇ ਨਿਰਦੇਸ਼ ਦਿੱਤੇ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਕਬੀਰ ਜੀ ਦਾ ਪ੍ਰਕਾਸ਼ ਪੁਰਬ, ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ- ਸੂਬਾ ਪੱਧਰੀ ਸਮਾਗਮ ਜਲੰਧਰ 'ਚ ਕਰਵਾਇਆ ਜਾ ਰਿਹਾ ਏ।

- -ਮੌਸਮ ਵਿਭਾਗ ਵਲੋਂ ਅੱਜ ਅਤੇ ਕੱਲ੍ਹ ਪੰਜਾਬ ਵਿੱਚ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਦੀ ਸੰਭਾਵਨਾ ਜਦਕਿ ਪਹਿਲੀ ਜੁਲਾਈ ਤੋਂ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਭਾਰੀ ਬਾਰਿਸ਼ ਅਤੇ ਤਾਪਮਾਨ ਵਿੱਚ ਗਿਰਾਵਟ ਬਾਰੇ ਅਲਰਟ ਜਾਰੀ ਕੀਤਾ। ਅਤੇ
- ਭਾਰਤੀ ਬੈਡਮਿੰਟਨ ਖਿਡਾਰੀ ਕਿਦਾਂਬੀ ਸ਼੍ਰੀਕਾਂਤ ਨੇ U.S ਓਪਨ ਬੈਡਮਿੰਟਨ ਟੂਰਨਾਮੈਂਟ ਵਿੱਚ ਮਰਦਾਂ ਦੇ ਸਿੰਗਲਜ਼ ਦੇ ਫਾਈਨਲ ਵਿੱਚ, ਚਾਂਦੀ ਦਾ ਤਮਗਾ ਜਿੱਤਿਆ।

---------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਦੂਜੇ ਰੱਖਿਆ ਸਨਮਾਨ ਸਮਾਰੋਹ ਵਿੱਚ ਬਹਾਦਰੀ ਪੁਰਸਕਾਰ ਪ੍ਰਦਾਨ ਕੀਤੇ। ਏਅਰ ਮਾਰਸ਼ਲ ਤਰੁਣ ਚੌਧਰੀ, ਲੈਫਟੀਨੈਂਟ ਜਨਰਲ ਨੀਰਜ ਵਰਸ਼ਨੇ, ਲੈਫਟੀਨੈਂਟ ਜਨਰਲ ਵਿਕਾਸ ਰੋਹੇਲਾ, ਲੈਫਟੀਨੈਂਟ ਜਨਰਲ ਹਰਬਿੰਦਰ ਸਿੰਘ ਵੰਦਰਾ ਅਤੇ ਲੈਫਟੀਨੈਂਟ ਜਨਰਲ ਮੋਹਿੰਦਰ ਪਾਲ ਸਿੰਘ ਨੂੰ 'ਅਤਿ ਵਿਸ਼ਿਸ਼ਟ ਸੇਵਾ ਮੈਡਲ' ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਰੱਖਿਆ ਮੰਤਰੀ ਰਾਜਨਾਥ ਸਿੰਘ, ਹੋਰ ਕੇਂਦਰੀ ਮੰਤਰੀ ਅਤੇ ਹਥਿਆਰਬੰਦ ਸੈਨਾਵਾਂ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਰਹੇ। ਇਹ ਪੁਰਸਕਾਰ ਹਥਿਆਰਬੰਦ

ਸੈਨਾਵਾਂ, ਕੇਂਦਰੀ ਹਥਿਆਰਬੰਦ ਪੁਲਿਸ ਬਲਾਂ ਅਤੇ ਹੋਰ ਸੁਰੱਖਿਆ ਏਜੰਸੀਆਂ ਦੇ ਕਰਮਚਾਰੀਆਂ ਵਲੋਂ ਬੇਮਿਸਾਲ ਬਹਾਦਰੀ ਦੇ ਕੰਮ ਨੂੰ ਮਾਨਤਾ ਦੇਣ ਲਈ ਦਿੱਤੇ ਜਾਂਦੇ ਹਨ। ਇਹ ਪੁਰਸਕਾਰ ਜੰਮੂ-ਕਸ਼ਮੀਰ, ਉੱਤਰ-ਪੂਰਬ ਅਤੇ ਦੇਸ਼ ਦੀਆਂ ਸਰਹੱਦਾਂ ਦੇ ਨਾਲ-ਨਾਲ ਦਹਿਸਤਗਰਦੀ, ਅੱਤਵਾਦ ਅਤੇ ਦੁਸ਼ਮਣੀ ਭਰੇ ਖਤਰਿਆਂ ਵਿਰੁੱਧ ਭਾਰਤ ਦੀ ਨਿਰੰਤਰ ਲੜਾਈ ਨੂੰ ਦਰਸਾਉਂਦੇ ਹਨ, ਨਾਲ ਹੀ ਹਵਾਬਾਜ਼ੀ, ਸਮੁੰਦਰੀ ਕਾਰਜਾਂ ਅਤੇ ਮਾਨਵਤਾਵਾਦੀ ਮਿਸ਼ਨਾਂ ਵਿੱਚ ਅਸਾਧਾਰਨ ਹਿੰਮਤ ਦੇ ਕੰਮਾਂ ਨੂੰ ਮਾਨਤਾ ਦਿੰਦੇ ਨੇ ।

---------------------------------------------------------------------

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਸਰਕਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬੇਅਦਬੀ ਵਿਰੋਧੀ ਕਾਨੂੰਨ ਸਬੰਧੀ ਉਠਾਏ ਗਏ ਸਾਰੇ ਇਤਰਾਜ਼ਾਂ ਦਾ ਇੱਕ ਮਹੀਨੇ ਦੇ ਅੰਦਰ-ਅੰਦਰ ਹੱਲ ਕਰਨ ਦੇ ਨਿਰਦੇਸ਼ ਦਿੱਤੇ ਨੇ । ਉਨ੍ਹਾਂ ਨੇ ਇਹ ਨਿਰਦੇਸ਼ ਅੱਜ ਪੰਜਾਬ ਦੇ ਸਾਰੇ ਵਿਧਾਇਕਾਂ ਅਤੇ ਕੈਬਨਿਟ ਮੰਤਰੀਆਂ ਦੀ ਇਕੱਤਰਤਾ ਵਿੱਚ ਪਾਸ ਕੀਤਾ, ਜੋ 15 ਜੂਨ ਨੂੰ ਤਲਬ ਕੀਤੇ ਜਾਣ ਤੋਂ ਬਾਅਦ ਸਿੱਖਾਂ ਦੀ ਸਰਵਉੱਚ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋਏ ਸਨ, ਜਿਨ੍ਹਾਂ ਨੂੰ 29 ਜੂਨ ਨੂੰ ਬੇਅਦਬੀ ਵਿਰੋਧੀ ਕਾਨੂੰਨ - ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ

ਸਤਿਕਾਰ (ਸੋਧ) ਐਕਟ, 2026 'ਤੇ ਸਪੱਸ਼ਟੀਕਰਨ ਦੇਣ ਲਈ ਤਖ਼ਤ ਵਿਖੇ ਪੇਸ਼ ਹੋਣ ਲਈ ਕਿਹਾ ਗਿਆ ਸੀ। ਸਿੱਖ ਸੰਸਥਾ ਵੱਲੋਂ ਇਸ ਸੋਧ 'ਤੇ ਇਤਰਾਜ਼ ਜਤਾਇਆ ਗਿਆ ਸੀ ਕਿ ਇਹ ਸਿੱਖ ਪੰਥ ਨਾਲ ਸਲਾਹ ਕੀਤੇ ਬਿਨਾਂ ਲਾਗੂ ਕੀਤਾ ਗਿਆ ਏ । ਬਾਅਦ ਵਿੱਚ, ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਰਕਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਿਰਦੇਸ਼ਾਂ ਮੁਤਾਬਿਕ ਫੈਸਲਾ ਲਵੇਗੀ।BYTE:RNU290626

ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026, 13 ਅਪ੍ਰੈਲ ਨੂੰ ਪੰਜਾਬ ਵਿਧਾਨ ਸਭਾ ਵਲੋਂ ਸਰਬਸੰਮਤੀ ਨਾਲ ਪਾਸ ਕੀਤਾ ਗਿਆ ਸੀ। ਇਸ ਵਿੱਚ ਕਿਸੇ ਵੀ ਤਰਾਂ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਲਈ ਉਮਰ ਕੈਦ ਸਮੇਤ ਸਖ਼ਤ ਸਜ਼ਾ ਦੀ ਵਿਵਸਥਾ ਏ ।

---

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਅੱਜ ਰੂਪਨਗਰ ਜ਼ਿਲੇ ਦੇ ਪਿੰਡ ਅਬਿਆਣਾ ਵਿਖੇ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਅਤੇ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ। ਸ੍ਰੀ ਗੜ੍ਹੀ ਨੇ ਕਿਹਾ ਕਿ ਕਮਿਸ਼ਨ, ਅਨੁਸੂਚਿਤ ਜਾਤੀਆਂ ਨਾਲ ਸੰਬੰਧਿਤ ਸ਼ਿਕਾਇਤਾਂ ਅਤੇ ਉਨ੍ਹਾਂ ਦੇ ਹੱਕਾਂ ਦੀ ਸੁਰੱਖਿਆ ਲਈ ਆਪਣੀਆਂ ਕਾਨੂੰਨੀ ਜ਼ਿੰਮੇਵਾਰੀਆਂ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਏ

। ਉਨ੍ਹਾਂ ਕਿਹਾ ਕਿ ਕਮਿਸ਼ਨ ਕੋਲ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਦਾ ਕਾਨੂੰਨੀ ਪ੍ਰਕਿਰਿਆ ਅਨੁਸਾਰ ਨਿਰਪੱਖ ਢੰਗ ਨਾਲ ਵਿਚਾਰ ਕੀਤਾ ਜਾਂਦਾ ਏ ਅਤੇ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਉਨ੍ਹਾਂ ਦੇ ਸਮੇਂ ਸਿਰ ਨਿਪਟਾਰੇ ਲਈ ਯੋਗ ਕਾਰਵਾਈ ਕੀਤੀ ਜਾਂਦੀ ਏ । ਚੇਅਰਮੈਨ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਵੱਲੋਂ ਰੱਖੇ ਗਏ ਮਸਲਿਆਂ ਨੂੰ ਨਿਯਮਾਂ ਅਤੇ ਕਾਨੂੰਨੀ ਵਿਵਸਥਾ ਅਨੁਸਾਰ ਵਿਚਾਰਿਆ ਜਾਵੇਗਾ ਅਤੇ ਜਿੱਥੇ ਕਮਿਸ਼ਨ ਦੇ ਅਧਿਕਾਰ ਖੇਤਰ ਅਧੀਨ ਕਾਰਵਾਈ ਬਣਦੀ ਹੋਵੇਗੀ, ਉੱਥੇ ਲੋੜੀਂਦੀ ਕਾਰਵਾਈ ਯਕੀਨੀ ਬਣਾਈ ਜਾਵੇਗੀ। ਇਸ ਮਗਰੋਂ ਚੇਅਰਮੈਨ ਨੇ ਕਬੀਰ ਜਯੰਤੀ ਮੌਕੇ ਪਿੰਡ ਝਾਂਡੀਆਂ ਕਲਾਂ ਵਿਖੇ ਕਰਵਾਏ ਗਏ ਸਮਾਗਮ ਅਤੇ ਭੂਰੀਵਾਲੇ ਗੁਰਗੱਦੀ ਪਰੰਪਰਾ ਨਾਲ ਸੰਬੰਧਿਤ ਧਾਰਮਿਕ ਸਮਾਗਮ ਵਿੱਚ ਸ਼ਿਰਕਤ ਕੀਤੀ।

---------------------------------------------------------------------

ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਅਤੇ ਲੋੜਵੰਦ ਨਾਗਰਿਕਾਂ ਦੀ ਸਮਾਜਿਕ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਵਿੱਤੀ ਸਾਲ 2026-27 ਦੌਰਾਨ ਹੁਣ ਤੱਕ 1583 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਏ । ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸਰਕਾਰ ਦੇ ਇਸ ਕਦਮ ਨਾਲ

ਲੱਖਾਂ ਬਜ਼ੁਰਗਾਂ, ਵਿਧਵਾਵਾਂ, ਨਿਆਸਰਿਤ ਔਰਤਾਂ, ਅਨਾਥ ਬੱਚਿਆਂ ਅਤੇ ਦਿਵਿਆਂਗ ਵਿਅਕਤੀਆਂ ਨੂੰ ਵਿੱਤੀ ਸਹਾਇਤਾ ਵਜੋਂ ਸਿੱਧਾ ਲਾਭ ਮਿਲਿਆ ਏ । ਕੈਬਨਿਟ ਮੰਤਰੀ ਨੇ ਦੱਸਿਆ ਕਿ ਸਰਕਾਰ ਨੇ ਚਾਲੂ ਮਾਲੀ ਸਾਲ ਦੌਰਾਨ ਸਮਾਜਿਕ ਸੁਰੱਖਿਆ ਅਤੇ ਭਲਾਈ ਸਕੀਮਾਂ ਲਈ 6 ਹਜ਼ਾਰ 131 ਕਰੋੜ 91 ਲੱਖ ਰੁਪਏ ਦਾ ਬਜਟ ਰੱਖਿਆ ਏ । ਇਹ ਇਤਿਹਾਸਕ ਬਜਟ ਵਿਵਸਥਾ ਸੂਬੇ ਦੇ ਲਗਭਗ 36 ਲੱਖ ਲਾਭਪਾਤਰੀਆਂ ਨੂੰ ਨਿਯਮਤ ਵਿੱਤੀ ਸਹਾਇਤਾ ਯਕੀਨੀ ਬਣਾ ਰਹੀ ਏ । ਮੰਤਰੀ ਨੇ ਦੱਸਿਆ ਕਿ ਕੁੱਲ ਰਾਸ਼ੀ ਵਿੱਚੋਂ ਬੁਢਾਪਾ ਪੈਨਸ਼ਨ ਲਈ 1 ਹਜ਼ਾਰ 48 ਕਰੋੜ ਰੁਪਏ ਤੋਂ ਵੱਧ ਦੀ ਰਕਮ ਸਿੱਧੇ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਟ੍ਰਾਂਸਫਰ ਕੀਤੀ ਗਈ ਏ । ਇਸੇ ਤਰ੍ਹਾਂ ਵਿਧਵਾਵਾਂ, ਬੇਸਹਾਰਾ ਔਰਤਾਂ, ਅਨਾਥ ਤੇ ਆਸ਼ਰਿਤ ਬੱਚਿਆਂ ਅਤੇ ਦਿਵਿਆਂਗ ਵਿਅਕਤੀਆਂ ਦੇ ਫਾਇਦੇ ਲਈ ਚੱਲ ਰਹੀਆਂ ਹੋਰ ਸਮਾਜਿਕ ਸੁਰੱਖਿਆ ਸਕੀਮਾਂ ਤਹਿਤ 535 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਗਈ ਏ ।

---

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਕਬੀਰ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਸਬੰਧੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ

ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ । ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੰਗਤਾਂ ਨਾਲ ਭਗਤ ਕਬੀਰ ਜੀ ਦੇ ਜੀਵਨ ਇਤਿਹਾਸ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਭਗਤ ਕਬੀਰ ਜੀ ਨੇ ਸਮਾਜਿਕ ਕੁਰੀਤੀਆਂ ਦਾ ਵਿਰੋਧ ਕਰਦਿਆਂ ਲੁਕਾਈ ਨੂੰ ਅਕਾਲ ਪੁਰਖ ਦੀ ਭਗਤੀ ਲਈ ਪ੍ਰੇਰਿਆ। ਭਗਤ ਕਬੀਰ ਜੀ ਨੇ ਸਮਾਜ ਅੰਦਰ ਜਾਤ-ਪਾਤ ਦੇ ਵਿਤਕਰੇ ਖਿਲਾਫ ਅਵਾਜ਼ ਉਠਾਈ ਅਤੇ ਨੇਕੀ ਦਾ ਮਾਰਗ ਅਪਨਾਉਣ ਦੀ ਅਪੀਲ ਕੀਤੀ। ਉਨ੍ਹਾਂ ਸੰਗਤਾਂ ਨੂੰ ਭਗਤ ਕਬੀਰ ਜੀ ਦੇ ਜੀਵਨ ਤੋਂ ਪ੍ਰੇਰਣਾ ਲੈਣ ਅਤੇ ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਨ ਲਈ ਆਖਿਆ। ਓਧਰ ਸ਼੍ਰੋਮਣੀ ਕਮੇਟੀ ਵੱਲੋਂ ਸ਼ਹੀਦਾਂ ਦੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਫਤਿਹਗੜ ਸਾਹਿਬ ਵਿਖੇ ਵੀ ਭਗਤ ਕਬੀਰ ਜੀ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਪੂਰਵਕ ਮਨਾਇਆ ਗਿਆ । ਇਸੇ ਦੌਰਾਨ ਪੰਜਾਬ ਸਰਕਾਰ ਵੱਲੋਂ ਸਤਿਗੁਰੂ ਕਬੀਰ ਮਹਾਰਾਜ ਜੀ ਦੇ ਪ੍ਰਕਾਸ਼ ਮੌਕੇ ਜਲੰਧਰ ਦੇ ਭਾਰਗਵ ਨਗਰ ਸਥਿਤ ਸਤਿਗੁਰੂ ਕਬੀਰ ਮੁੱਖ ਮਦਿਰ ਵਿਖੇ ਸ਼ਾਮ 8 ਵਜੇ ਤੋਂ ਸੂਬਾ ਪੱਧਰੀ ਸਮਾਗਮ ਕਰਵਾਇਆ ਜਾ ਰਿਹਾ ਏ ।

--------------------------------------------------------------------

ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮਗਰੋਂ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਦੌਰਾਨ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਨੇ ਸੰਗਤਾਂ ਨਾਲ ਮਹਾਰਾਜਾ ਰਣਜੀਤ ਸਿੰਘ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ। ਇਸ ਮੌਕੇ ਵੱਖ-ਵੱਖ ਢਾਡੀ ਤੇ ਕਵੀਸ਼ਰ ਜਥਿਆਂ ਨੇ ਵੀ ਸੰਗਤਾਂ ਨਾਲ ਇਤਿਹਾਸ ਸਾਂਝਾ ਕੀਤਾ।

---------------------------------------------------------------------------

ਸ਼੍ਰੀ ਅਮਰਨਾਥ ਜੀ ਯਾਤਰਾ ਜੰਮੂ ਕਸ਼ਮੀਰ ਵਿੱਚ 3 ਜੁਲਾਈ ਨੂੰ ਸ਼ੁਰੂ ਹੋਣ ਵਾਲੀ ਏ । ਸ਼੍ਰੀ ਅਮਰਨਾਥ ਯਾਤਰਾ ਦੀਆਂ ਸਾਰੀਆਂ ਤਿਆਰੀਆਂ ਪੂਰੀਆਂ ਹੋ ਗਈਆਂ ਹਨ। ਸਾਡੇ ਜੰਮੂ ਤੋਂ ਪੱਤਰਕਾਰ ਨੇ ਦਸਿਆ ਏ ਕਿ ਯਾਤਰਾ ਦੀ ਅਧਿਕਾਰਤ ਸ਼ੁਰੂਆਤ ਤੋਂ ਪਹਿਲਾਂ ਸੁਰੱਖਿਆ ਪ੍ਰਬੰਧਾਂ, ਕਾਫਲੇ ਦੀ ਆਵਾਜਾਈ ਅਤੇ ਸਮੁੱਚੀਆਂ ਤਿਆਰੀਆਂ ਦੀ ਸਮੀਖਿਆ ਕੀਤੀ ਗਈ।

---------------------------------------------------------------------------

ਅਮਰਨਾਥ ਯਾਤਰਾ ਨੂੰ ਲੈ ਕੇ ਜਿਲਾ ਪਠਾਨਕੋਟ ਜਿਲ੍ਹੇ ਵਿੱਚਅੱਜ ਪੰਜਾਬ ਅਤੇ ਜੰਮੂ ਕਸ਼ਮੀਰ ਪ੍ਰਸ਼ਾਸਨ ਸਮੇਤ ਅਲੱਗ ਅਲੱਗ ਸੁਰਖਿਆ

ਏਜੰਸੀਆਂ ਦੀ ਵਿਸ਼ੇਸ਼ ਮੀਟਿੰਗ ਹੋਈ I ਜਿਸ ਵਿਚ ਕਾਨੂੰਨ ਤੇ ਵਿਵਸਥਾ ਬਾਰੇ ਡੀਜੀਪੀ ਪੀ.ਕੇ . ਸਿਨਹਾ ਨੇ ਸੁਰਖਿਆ ਦੇ ਵੱਖ ਵੱਖ ਮੁਦਿਆਂ ਤੇ ਚਰਚਾ ਕੀਤੀ I ਉਨ੍ਹਾਂ ਦੱਸਿਆ ਕਿ ਅਮਰਨਾਥ ਯਾਤਰਾ ਚ ਕਿਸੇ ਤਰ੍ਹਾਂ ਦੀ ਕੋਈ ਵੀ ਅਣਸੁਖਾਵੀ ਘਟਨਾ ਨਾ ਵਾਪਰੇ ਇਸ ਦੇ ਲਈ ਅੱਜ ਸਾਰੀਆਂ ਹੀ ਸੁਰੱਖਿਆ ਏਜੰਸੀਆਂ ਦੇ ਨਾਲ ਬੈਠਕ ਕੀਤੀ ਗਈ ਏ ਜਿਸ ਦੇ ਵਿੱਚ ਹਿਮਾਚਲ ਅਤੇ ਜੰਮੂ ਕਸ਼ਮੀਰ ਦੇ ਪ੍ਰਸ਼ਾਸਨਿਕ ਅਧਿਕਾਰੀ ਵੀ ਸ਼ਾਮਿਲ ਸਨ। ਉਹਨਾਂ ਦੱਸਿਆ ਕਿ ਨਾਕਿਆਂ ਦੇ ਉੱਤੇ ਸੁਰੱਖਿਆ ਵਧਾਈ ਗਈ ਏ ।

---------------------------------------------------------------------

ਪੰਜਾਬ ਸਰਕਾਰ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਪੰਜਾਬ ਭਰ ਦੇ ਸਰਕਾਰੀ ਦਫ਼ਤਰਾਂ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਨਿਡਰ ਹੋ ਕੇ ਰਿਪੋਰਟ ਕਰਨ ਲਈ ਉਤਸ਼ਾਹਿਤ ਕਰਦੀ ਏ । ਪੰਜਾਬ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ 23 ਮਾਰਚ 2022 ਤੋਂ 31 ਮਈ 2026 ਤੱਕ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਨੰਬਰ 95012-00200 'ਤੇ ਆਡੀਓ-ਵੀਡੀਓ ਰਿਕਾਰਡਿੰਗਾਂ ਸਮੇਤ ਕੁੱਲ 16,950 ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ। ਇਸ ਵਿੱਚੋਂ 10,951 ਸ਼ਿਕਾਇਤਾਂ ਦੂਜੇ ਵਿਭਾਗਾਂ ਨਾਲ ਸਬੰਧਤ ਹੋਣ ਕਰਕੇ ਇਹ ਸ਼ਿਕਾਇਤਾਂ

ਯੋਗ ਕਾਰਵਾਈ ਲਈ ਸਬੰਧਤ ਵਿਭਾਗਾਂ ਨੂੰ ਭੇਜ ਦਿੱਤੀਆਂ ਗਈਆਂ ਸਨ। ਸ਼ਿਕਾਇਤਾਂ ਦੀ ਪੜਤਾਲ ਤੋਂ ਬਾਅਦ, ਹੁਣ ਤੱਕ ਦਰਜ ਕੀਤੀਆਂ ਗਈਆਂ 284 ਐਫ.ਆਈ.ਆਰਜ਼ ਵਿੱਚ 368 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਏ । ਵਿਜੀਲੈਂਸ ਬਿਊਰੋ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਸੂਬੇ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਅਤੇ ਰਿਸ਼ਵਤਖੋਰੀ ਮੁਕਤ ਬਣਾਉਣ ਲਈ ਇਸ ਦੀ ਵਰਤੋਂ ਕਰਨਾ ਜਾਰੀ ਰੱਖਣ।

---------------------------------------------------------------------------

ਮੌਸਮ ਵਿਭਾਗ ਨੇ ਪਹਿਲੀ ਜੁਲਾਈ ਤੋਂ ਮੌਸਮ ਵਿਚ ਉੱਤਰ-ਪੱਛਮੀ ਗੜਬੜੀ ਕਾਰਨ, ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਭਾਰੀ ਬਾਰਿਸ਼ ਅਤੇ ਤਾਪਮਾਨ ਵਿੱਚ ਗਿਰਾਵਟ ਦੀ ਪੇਸ਼ੀਨਗੋਈ ਕੀਤੀ ਏ । ਏਸ ਨਾਲ ਦੋਵਾਂ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਦੇ ਹਿੱਸਿਆਂ ਵਿੱਚ ਆਮ ਨਾਲੋਂ ਵੱਧ ਤਾਪਮਾਨ ਅਤੇ ਲੂ ਜਿਹੀ ਸਥਿਤੀ ਤੋਂ ਰਾਹਤ ਮਿਲੇਗੀ। ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਵੱਖ-ਵੱਖ ਥਾਵਾਂ 'ਤੇ ਪਹਿਲੀ ਤੋਂ 5 ਜੁਲਾਈ ਤੱਕ ਤੇਜ਼ ਹਵਾਵਾਂ ਚਲਣ ਅਤੇ ਗਰਜ ਚਮਕ ਨਾਲ ਭਾਰੀ ਬਾਰਿਸ਼ ਬਾਰੇ ਯੈਲੋ ਅਲਰਟ ਜਾਰੀ ਕੀਤਾ ਏ । ਵਿਭਾਗ ਨੇ ਅੱਜ ਅਤੇ ਕੱਲ੍ਹ 30 ਜੂਨ ਨੂੰ ਵੀ ਪੰਜਾਬ ਵਿੱਚ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਅਤੇ ਹਰਿਆਣਾ ਵਿੱਚ ਗਰਮੀ ਰਹਿਣ ਦੀ ਸੰਭਾਵਨਾ ਜਤਾਈ ਏ ।

---------------------------------------------------------------------------

ਭਾਰਤੀ ਬੈਡਮਿੰਟਨ ਖਿਡਾਰੀ ਕਿਦਾਂਬੀ ਸ਼੍ਰੀਕਾਂਤ ਨੇ ਅੱਜ U.S ਓਪਨ ਬੈਡਮਿੰਟਨ ਟੂਰਨਾਮੈਂਟ ਵਿੱਚ ਮਰਦਾਂ ਦੇ ਸਿੰਗਲਜ਼ ਦੇ ਫਾਈਨਲ ਵਿੱਚ, ਚਾਂਦੀ ਦਾ ਤਮਗਾ ਜਿੱਤਿਆ ਏ।

---------------------------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ, ਸਾਲ ਦੇ ਦੂਜੇ ਰੱਖਿਆ ਸਨਮਾਨ ਸਮਾਰੋਹ ਵਿੱਚ, ਬਹਾਦਰੀ ਪੁਰਸਕਾਰ ਪ੍ਰਦਾਨ ਕੀਤੇ ।
- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਸਰਕਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬੇਅਦਬੀ ਵਿਰੋਧੀ ਕਾਨੂੰਨ ਸਬੰਧੀ ਉਠਾਏ ਗਏ ਸਾਰੇ ਇਤਰਾਜ਼ਾਂ ਦਾ ਇੱਕ ਮਹੀਨੇ ਦੇ ਅੰਦਰ-ਅੰਦਰ ਹੱਲ ਕਰਨ ਦੇ ਨਿਰਦੇਸ਼ ਦਿੱਤੇ ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਕਬੀਰ ਜੀ ਦਾ ਪ੍ਰਕਾਸ਼ ਪੁਰਬ, ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ- ਸੂਬਾ ਪੱਧਰੀ ਸਮਾਗਮ ਜਲੰਧਰ 'ਚ ਕਰਵਾਇਆ ਜਾ ਰਿਹਾ ਏ ।
- -ਮੌਸਮ ਵਿਭਾਗ ਵਲੋਂ ਅੱਜ ਅਤੇ ਕੱਲ੍ਹ ਪੰਜਾਬ ਵਿੱਚ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਦੀ ਸੰਭਾਵਨਾ ਜਦਕਿ

ਪਹਿਲੀ ਜੁਲਾਈ ਤੋਂ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਭਾਰੀ ਬਾਰਿਸ਼ ਅਤੇ ਤਾਪਮਾਨ ਵਿੱਚ ਗਿਰਾਵਟ ਬਾਰੇ ਅਲਰਟ ਜਾਰੀ ਕੀਤਾ।

- ਭਾਰਤੀ ਬੈਡਮਿੰਟਨ ਖਿਡਾਰੀ ਕਿਦਾਂਬੀ ਸ਼੍ਰੀਕਾਂਤ ਨੇ U.S ਓਪਨ ਬੈਡਮਿੰਟਨ ਟੂਰਨਾਮੈਂਟ ਵਿੱਚ ਮਰਦਾਂ ਦੇ ਸਿੰਗਲਜ਼ ਦੇ ਫਾਈਨਲ ਵਿੱਚ, ਚਾਂਦੀ ਦਾ ਤਮਗਾ ਜਿੱਤਿਆ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 .30 ਨਮਸਕਾਰ**